# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

13–10

**ਮਿਤੀ** : 19–06–2025

- ਭਾਰਤ ਨੇ ਪੱਛਮੀ ਏਸ਼ੀਆ ਵਿੱਚ ਟਕਰਾਅ ਵਧਣ ਮਗਰੋਂ, ਈਰਾਨ ਤੋਂ ਆਪਣੇ ਨਾਗਰਿਕਾਂ ਨੂੰ ਕੱਢਣ ਦੀਆਂ ਕੋਸ਼ਿਸ਼ਾਂ ਤੇਜ਼ ਕੀਤੀਆਂ- 350 ਤੋਂ ਵੱਧ ਭਾਰਤੀਆਂ ਨੇ ਘਰ ਵਾਪਸ ਆਉਣ ਦੀ ਕੀਤੀ ਅਪੀਲ - 110 ਨੂੰ ਫਿਲਹਾਲ ਵਾਪਿਸ ਲਿਆਂਦਾ ਜਾ ਚੁਕਿਆ ਏ।
- ਭਾਰਤ ਅਤੇ ਕਰੋਸ਼ੀਆ ਦਰਮਿਆਨ ਭਾਰਤ-ਯੂਰੀਪੀਅਨ ਸੰਘ ਮੁਕਤ ਵਪਾਰ ਸਮਝੌਤੇ ਸਮੇਤ ਵਿਆਪਕ ਗੱਲਬਾਤ ਹੋਈ ।
- ਲੁਧਿਆਣਾ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਲਈ, ਵੋਟਾਂ ਪਾਉਣ ਦਾ ਕੰਮ ਅਮਨ-ਅਮਾਨ ਨਾਲ ਮੁਕੰਮਲ - ਸ਼ਾਮ 5 ਵਜੇ ਤੱਕ 49.07 ਫੀਸਦੀ ਵੋਟਿੰਗ ਦਰਜ ਕੀਤੀ ਗਈ ।
- ਸੀ.ਐਮ.ਦੀ ਯੋਗਸ਼ਾਲਾ' ਤਹਿਤ ਜਲੰਧਰ ਵਿਚ ਸੂਬਾ ਪੱਧਰੀ 'ਪੰਜਾਬ ਯੋਗ ਸਮਾਗਮ-2025' ਦਾ ਆਯੋਜਨ -21 ਹਜ਼ਾਰ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੇ ਨਵਾਂ ਰਿਕਾਰਡ ਕਾਇਮ ਕੀਤਾ।

ਹੁਣ ਖਬਰਾਂ ਵਿਸਥਾਰ ਨਾਲ.....

--------------------------------------------------------------------------------

ਕੇਂਦਰ ਸਰਕਾਰ ਈਰਾਨ ਤੋਂ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਏ । ਭਾਰਤੀ ਹਾਈ ਕਮਿਸ਼ਨ ਦੇ ਮੈਂਬਰਾਂ ਨੂੰ ਲੈ ਕੇ ਇੱਕ ਹੋਰ ਉਡਾਣ ਅੱਜ ਪਹੁੰਚਣ ਦੀ ਉਮੀਦ ਏ । ਇਸ ਤੋਂ ਪਹਿਲਾਂ, ਉੱਤਰੀ ਈਰਾਨ ਤੋਂ ਲਿਆਂਦੇ ਗਏ 110 ਭਾਰਤੀ ਵਿਦਿਆਰਥੀ ਨਵੀਂ ਦਿੱਲੀ ਪਹੁੰਚੇ । ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ, ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਈਰਾਨ ਤੋਂ ਵਾਪਿਸ ਆਉਣ ਲਈ 350 ਤੋਂ ਵੱਧ ਭਾਰਤੀਆਂ ਦੀਆਂ ਬੇਨਤੀਆਂ ਪ੍ਰਾਪਤ ਹੋਈਆਂ ਨੇ ।BYTE:

ਈਰਾਨ ਅਤੇ ਇਜ਼ਰਾਈਲ ਵਿਚਕਾਰ ਚੱਲ ਰਹੇ ਟਕਰਾਅ ਕਾਰਨ ਵਿਗੜਦੀ ਸਥਿਤੀ ਨੂੰ ਦੇਖਦੇ ਹੋਏ, ਭਾਰਤ ਨੇ ਈਰਾਨ ਤੋਂ ਆਪਣੇ ਨਾਗਰਿਕਾਂ ਨੂੰ ਕੱਢਣ ਲਈ ਆਪ੍ਰੇਸ਼ਨ ਸਿੰਧੂ ਸ਼ੁਰੂ ਕੀਤਾ ਏ । ਇਸ ਦੌਰਾਨ, ਇਜ਼ਰਾਈਲ ਅਤੇ ਈਰਾਨ ਵਿਚਕਾਰ ਟਕਰਾਅ ਤੇਜ਼ ਹੋ ਗਿਆ ਏ ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਿੰਨ ਦੇਸ਼ਾਂ - ਸਾਈਪ੍ਰਸ, ਕੈਨੇਡਾ ਅਤੇ ਕਰੋਸ਼ੀਆ ਦੀ ਸਫਲ ਯਾਤਰਾ ਪੂਰੀ ਕਰਨ ਤੋਂ ਬਾਅਦ ਨਵੀਂ ਦਿੱਲੀ

ਵਾਪਸ ਆ ਗਏ ਨੇ । ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜ਼ਾਗ-ਰੇਬ ਵਿੱਚ ਕ੍ਰੋਏਸ਼ੀਆ ਦੇ ਪ੍ਰਧਾਨ ਮੰਤਰੀ ਆਂਦਰੇਜ ਪਲੇਂ-ਕੋਵਿਚ ਨਾਲ ਵਿਆਪਕ ਵਫ਼ਦ ਪੱਧਰੀ ਗੱਲਬਾਤ ਕੀਤੀ । ਭਾਰਤ ਅਤੇ ਕਰੋਸ਼ੀਆ ਨੇ ਲੰਬੇ ਸਮੇਂ ਤੋਂ ਬਕਾਇਆ ਭਾਰਤ-ਯੂਰਪੀਅਨ ਯੂਨੀਅਨ ਮੁਕਤ ਵਪਾਰ ਸਮਝੌਤੇ- 'ਤੇ ਚਰਚਾ ਕੀਤੀ ਏ । ਦੋਵਾਂ ਦੇਸ਼ਾਂ ਨੇ ਖੇਤੀਬਾੜੀ, ਸੱਭਿਆਚਾਰਕ ਆਦਾਨ-ਪ੍ਰਦਾਨ, ਵਿਗਿਆਨ ਅਤੇ ਤਕਨਾਲੋਜੀ ਅਤੇ ਜ਼ਾਗਰੇਬ ਵਿੱਚ ਹਿੰਦੀ ਚੇਅਰ ਦੀ ਸਥਾਪਨਾ ਵਿੱਚ ਚਾਰ ਸਮਝੌਤਿਆਂ 'ਤੇ ਦਸਤਖਤ ਕੀਤੇ। ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਟਕਰਾਵਾਂ ਦੇ ਸ਼ਾਂਤੀਪੂਰਨ ਹੱਲ ਦੀ ਜ਼ੋਰਦਾਰ ਵਕਾਲਤ ਕੀਤੀ ਅਤੇ ਕਿਹਾ ਕਿ ਭਾਵੇਂ ਇਹ ਯੂਰਪ ਹੋਵੇ ਜਾਂ ਏਸ਼ੀਆ, ਜੰਗ ਦੇ ਮੈਦਾਨ ਵਿੱਚ ਹੱਲ ਨਹੀਂ ਲੱਭੇ ਜਾ ਸਕਦੇ। ਉਨ੍ਹਾਂ ਕਿਹਾ ਕਿ ਗੱਲਬਾਤ ਅਤੇ ਕੂਟਨੀਤੀ ਹੀ ਅੱਗੇ ਵਧਣ ਦਾ ਇੱਕੋ ਇੱਕ ਰਸਤਾ ਏ ।

BYTE:

------------------------------------------------------------------------

ਲੁਧਿਆਣਾ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਲਈ ਵੋਟਾਂ ਪਾਉਣ ਦਾ ਕੰਮ ਅੱਜ ਅਮਨ-ਅਮਾਨ ਨਾਲ ਮੁਕੰਮਲ ਹੋ ਗਿਆ । ਸਵੇਰੇ 7 ਵਜੇ ਤੋਂ ਸ਼ੁਰੂ ਹੋਈਆਂ ਵੋਟਾਂ ਪਾਉਣ ਦਾ ਕੰਮ, ਚੋਣ ਕਮਿਸ਼ਨ ਦੇ ਹਦਾਇਤਾਂ ਅਨੁਸਾਰ ਸ਼ਾਮ 6 ਵਜੇ ਤੱਕ ਖਤਮ ਹੋ ਗਿਆ, ਜਿਹੜੇ ਲੋਕ 6 ਵਜੇ ਤੱਕ ਪੋਲਿੰਗ

ਬੂਥਾਂ ਦੀਆਂ ਕਤਾਰਾਂ ਵਿੱਚ ਲਗੇ ਹੋਏ ਸਨ ਉਹਨਾਂ ਨੂੰ ਆਪਣੇ ਵੋਟ ਪਾਉਣ ਦੇ ਹੱਕ ਦਾ ਇਸਤੇਮਾਲ ਕਰਨ ਦੀ ਇਜਾਜ਼ਤ ਦਿੱਤੀ ਗਈ। ਪੰਜਾਬ ਰਾਜ ਚੋਣ ਕਮਿਸ਼ਨ ਦੇ ਸੂਤਰਾਂ ਮੁਤਾਬਿਕ ਸ਼ਾਮ 5 ਵਜੇ ਤੱਕ 49.07 ਕੁੱਲ ਵੋਟਿੰਗ ਫੀਸਦੀ ਰਹੀ। ਲੁਧਿਆਣਾ ਪੱਛਮੀ ਵਿੱਚ ਜ਼ਿਮਨੀ ਚੋਣ ,ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੀ ਬੀਤੀ ਜਨਵਰੀ ਵਿੱਚ ਮੌਤ ਹੋ ਜਾਣ ਕਾਰਨ ਕਰਵਾਉਣੀ ਪਈ ਏ । ਹੋਰ ਵੇਰਵੇ ਨਾਲ **ਇਕ ਰਿਪੋਰਟ**:

*ਲੁਧਿਆਣਾ ਹਲਕੇ ਦੇ ਇਸ ਚੋਣ ਮੈਦਾਨ ਵਿੱਚ ਮੁੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਸਮੇਤ ਕੁੱਲ 14 ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਇਹਨਾਂ ਵਿੱਚ ਸੱਤਾਧਾਰੀ ਪਾਰਟੀ ਦੇ ਰਾਜ ਸਭਾ ਤੋਂ ਮੌਜੂਦਾ ਸੰਸਦ ਸੰਜੀਵ ਅਰੋੜਾ, ਕਾਂਗਰਸ ਦੇ ਭਾਰਤ ਭੂਸ਼ਣ ਆਸ਼ੂ, ਭਾਰਤੀ ਜਨਤਾ ਪਾਰਟੀ ਦੇ ਜੀਵਨ ਗੁਪਤਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਪਰਉਪਕਾਰ ਸਿੰਘ ਘੁੰਮਣ ਸ਼ਾਮਿਲ ਨੇ । ਜ਼ਿਲਾ ਚੋਣ ਅਧਿਕਾਰੀ ਹਿਮਾਂਸ਼ੂ ਜੈਨ ਵੱਲੋਂ ਵੋਟਰਾਂ ਦੀ ਸਹੂਲਤਾਂ ਸਮੇਤ ਸੁਰੱਖਿਆ ਦੇ ਵੀ ਪੁਖਤਾ ਇੰਤਜ਼ਾਮ ਕੀਤੇ ਗਏ । ਵੋਟਰ ਸਵੇਰੇ 7 ਵਜੇ ਤੋਂ ਹੀ ਵੋਟ ਪਾਉਣ ਲਈ ਆਉਣ ਲੱਗ ਪਏ ਸਨ ਦੁਪਹਿਰ ਵੇਲੇ ਗਰਮੀ ਕਾਰਨ ਭਾਵੇਂ ਵੋਟ ਫੀਸਦ ਘੱਟ ਦਰਜ ਹੋਇਆ*

*ਪਰ ਸ਼ਾਮ 5 ਵਜੇ ਤੱਕ ਲੋਕ ਵੋਟ ਪਾ ਚੁਕੇ ਸਨ । ਇਸ ਜਿਮਨੀ ਚੋਣ ਦੇ ਜਨਰਲ ਅਬਜਰਵਰ ਰਾਜੀਵ ਕੁਮਾਰ ਵੱਲੋਂ ਵੀ 45 ਤੋਂ ਵੱਧ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ ਸੀ ਇਸ ਹਲਕੇ ਵਿੱਚ ਕੁੱਲ ਇਕ ਲਖ 75 ਹਜ਼ਾਰ 469 ਵੋਟਰ ਦਰਜ ਹੋਏ ਨੇ ਜਿਨਾਂ ਵਿੱਚੋਂ 90 ਹਜਾਰ 88 ਮਰਦ ਅਤੇ 85 ਹਜ਼ਾਰ 371 ਮਹਿਲਾਵਾਂ ਸਮੇਤ 10 ਟਰਾਂਸਜੈਂਡਰ ਵੋਟਰ ਸਨ। ਇਸੇ ਦੌਰਾਨ ਪਹਿਲੀ ਵਾਰ ਵੋਟ ਪਾਉਣ ਦੇ ਹੱਕ ਦਾ ਇਸਤੇਮਾਲ ਕਰਨ ਵਾਲੇ ਆਦਿਤਿਆ ਨੇ ਕਿਹਾ ।*

*BYTE:RNU*

*ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸਹੂਲਤ ਲਈ ਮੋਬਾਈਲ ਫੋਨ ਨੂੰ ਪੋਲਿੰਗ ਬੂਥਾਂ ਦੇ ਬਾਹਰ ਸੁਰੱਖਿਆ ਢੰਗ ਨਾਲ ਰੱਖਣ ਦੀ ਸੁਵਿਧਾ ਪ੍ਰਦਾਨ ਕਰਨ ਦੀ ਹਿਦਾਇਤ ਨੂੰ ਇਨ ਬਿਨ ਲਾਗੂ ਕੀਤਾ ਗਿਆ ਸੀ।*

-----------------------------------------------------------------------------

ਸੀ.ਐਮ.ਦੀ ਯੋਗਸ਼ਾਲਾ' ਤਹਿਤ ਅੱਜ ਜਲੰਧਰ ਦੇ ਪੀ.ਏ.ਪੀ. ਦੇ ਮੈਦਾਨ ਵਿਚ ਸੂਬਾ ਪੱਧਰੀ 'ਪੰਜਾਬ ਯੋਗ ਸਮਾਗਮ-2025' ਕਰਵਾਇਆ ਗਿਆ। ਇਸ ਦੌਰਾਨ 21 ਹਜ਼ਾਰ ਤੋਂ ਵੱਧ ਯੋਗ ਪ੍ਰੇਮੀਆਂ ਨੇ ਯੋਗਸ਼ਾਲਾ ਵਿੱਚ ਹਿੱਸਾ ਲਿਆ। ਇਸ ਮੌਕੇ ਸਿਹਤਮੰਦ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਲਈ, ਸੂਬੇ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਯੋਗ ਨੂੰ

ਆਪਣੇ ਰੋਜ਼ਾਨਾ ਦੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ ਦਿੱਤਾ। ਸਿਹਤ ਮੰਤਰੀ ਨੇ ਕਿਹਾ ਕਿ ਇਸ ਵਿਸ਼ਾਲ ਸਮਾਗਮ ਵਿੱਚ ਹਰ ਵਰਗ ਦੇ ਲੋਕਾਂ ਨੂੰ ਉਤਸ਼ਾਹ ਨਾਲ ਹਿੱਸਾ ਲੈਂਦੇ ਦੇਖਣਾ ਬਹੁਤ ਖੁਸ਼ੀ ਦੀ ਗੱਲ ਏ। ਇਸ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਸੀ.ਐਮ. ਦੀ ਯੋਗਸ਼ਾਲਾ ਰਾਹੀਂ ਹਜ਼ਾਰਾਂ ਲੋਕਾਂ ਨੂੰ ਸਰਕਾਰ ਨਾਲ ਜੁੜਦੇ ਦੇਖ ਕੇ ਬਹੁਤ ਖੁਸ਼ੀ ਹੋਈ ਏ। ਉਨ੍ਹਾਂ ਕਿਹਾ ਕਿ ਇਹ ਪਹਿਲ ਦੋ ਸਾਲ ਪਹਿਲਾਂ ਜਲੰਧਰ ਤੋਂ ਸ਼ੁਰੂ ਕੀਤੀ ਗਈ ਸੀ ਅਤੇ ਮੌਜੂਦਾ ਸਮੇਂ ਸੂਬੇ ਭਰ ਵਿੱਚ ਰੋਜ਼ਾਨਾ ਲਗਭਗ 3 ਹਜ਼ਾਰ 200 ਯੋਗ ਕਲਾਸਾਂ ਲਾਈਆਂ ਜਾਂਦੀਆਂ ਨੇ, ਜਿਨ੍ਹਾਂ ਰਾਹੀਂ ਕਰੀਬ ਇੱਕ ਲੱਖ ਲੋਕ ਲਾਭ ਪ੍ਰਾਪਤ ਕਰ ਰਹੇ ਨੇ।

-----------------------------------------------------------------------------

ਸੀਮਾ ਸੁਰੱਖਿਆ ਬਲ 21 ਜੂਨ ਨੂੰ ਸਵੇਰੇ 6 ਵਜੇ ਪੰਜਾਬ ਦੀਆਂ ਸਾਰੀਆਂ ਇਕਾਈਆਂ ਅਤੇ ਹੈੱਡਕੁਆਰਟਰ ਵਿਖੇ 11ਵਾਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਪੂਰੀ ਤਰ੍ਹਾਂ ਤਿਆਰ ਏ । ਇਹ ਵਿਸ਼ੇਸ਼ ਸਮਾਗਮ ਅੰਮ੍ਰਿਤਸਰ ਦੀ ਸੰਯੁਕਤ ਚੈੱਕ ਪੋਸਟ ਅਟਾਰੀ ਵਿਖੇ ਕਰਵਾਇਆ ਜਾਵੇਗਾ। ਇਸ ਦਾ ਉਦੇਸ਼ ਬੀ.ਐਸ.ਐਫ ਨੂੰ ਸਰਹੱਦੀ ਪਿੰਡਾਂ ਦੇ ਵਸਨੀਕਾਂ, ਬੱਚਿਆਂ, ਉਘੀਆਂ ਖੇਡ ਸ਼ਖਸੀਅਤਾਂ ਅਤੇ ਪਦਮ ਪੁਰਸਕਾਰ ਜੇਤੂਆਂ ਨਾਲ ਤਾਕਤ, ਸ਼ਾਂਤੀ ਅਤੇ ਸਦਭਾਵਨਾ ਦੀ ਭਾਵਨਾ ਨਾਲ ਜੋੜਨਾ

ਏ। ਬੀ.ਐਸ.ਐਫ ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ ਅਤੁਲ ਫੂਲਝੇਲ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਪ੍ਰੋਗਰਾਮ ਵਿਚ ਯੋਗਾ ਸੈਸ਼ਨ ਅਤੇ ਹਰ ਉਮਰ ਦੇ ਯੋਗ ਅਭਿਆਸਾਂ ਦੀ ਵਿਭਿੰਨਤਾ ਅਤੇ ਲਾਭਾਂ ਨੂੰ ਦਰਸਾਉਂਦੇ ਵੱਖ-ਵੱਖ ਯੋਗ ਆਸਣਾਂ ਦਾ ਪ੍ਰਦਰਸ਼ਨ ਸ਼ਾਮਿਲ ਏ।

---------------------------------------------------------------------------------

ਪੂਰੀ ਦੁਨੀਆ ਯੋਗ ਦੇ ਫਾਇਦਿਆਂ ਨੂੰ ਦੇਖਦੇ ਹੋਏ, ਇਸਨੂੰ ਆਪਣੀ ਰੋਜਮਰਾ ਦੀ ਜ਼ਿੰਦਗੀ ਦਾ ਹਿੱਸਾ ਬਣਾ ਰਹੀ ਏ । ਇਸ ਮੌਕੇ ਕਪੂਰਥਲਾ ਵਾਸੀਆਂ ਨੇ ਯੋਗ ਕਰਕੇ ਵੱਖ ਵੱਖ ਬਿਮਾਰੀਆਂ ਤੋਂ ਨਿਜ਼ਾਤ ਪਾਉਣ ਬਾਰੇ ਆਪਣੇ ਤਜਰਬੇ, ਆਕਾਸ਼ਵਾਣੀ ਜਲੰਧਰ ਨਾਲ ਸਾਂਝੇ ਕੀਤੇ ।

**BYTE:**

---------------------------------------------------------------------------------

2 ਪੰਜਾਬ ਐੱਨਸੀਸੀ ਬਟਾਲੀਅਨ ਜਲੰਧਰ ਵਲੋਂ ਡੀ.ਏ.ਵੀ ਯੂਨੀਵਰਸਿਟੀ ਵਿਖੇ ਆਯੋਜਿਤ 10-ਦਿਨਾਂ ਸਾਲਾਨਾ ਕੈਂਪ ਅੱਜ ਸਮਾਪਤ ਹੋਇਆ। ਇਸ ਕੈਂਪ ਵਿੱਚ ਕਾਲਜ ਅਤੇ ਸਕੂਲੀ ਨੌਜਵਾਨਾਂ ਨੂੰ ਫੌਜੀ ਸਿਖਲਾਈ ਦਿੱਤੀ ਗਈ । ਇਸ ਫੌਜੀ ਸਿਖਲਾਈ ਦਾ ਮੁੱਖ ਉਦੇਸ਼ ਐਨ.ਸੀ.ਸੀ ਕੈਡਿਟਾਂ ਨੂੰ ਜ਼ਿੰਮੇਵਾਰ ਨਾਗਰਿਕਾਂ ਵਿੱਚ ਢਾਲਣਾ ਅਤੇ ਵਿਆਪਕ ਸ਼ਖਸੀਅਤ ਵਿਕਾਸ ਕਰਨਾ ਸੀ । ਕੈਡਿਟਾਂ ਅਮਨਦੀਪ ਕੌਰ

ਅਤੇ ਦੀਵਯ ਪ੍ਰਕਾਸ਼ ਨੇ ਕੰਪ ਦੇ ਤਜਰਬੇ ਸਾਂਝੇ ਕੀਤੇ ।

**BYTE:**

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਨੋਜ ਕੁਮਾਰ ਅਤੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾੜੀ ਨੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ।

---------------------------------------------------------------------------

ਫਾਜ਼ਿਲਕਾ ਪੁਲਿਸ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਾ ਪੀੜਤਾਂ ਨੂੰ ਇਲਾਜ ਲਈ ਪ੍ਰੇਰਿਤ ਕਰਕੇ ਉਨ੍ਹਾਂ ਨੂੰ ਸਿਹਤ ਸੰਸਥਾ ਤੱਕ ਲੈਕੇ ਆਉਣ ਲਈ ਅੱਜ ਅਰਨੀਵਾਲਾ ਤੋਂ ਪ੍ਰੋਜੈਕਟ 'ਆਸ' ਦੀ ਸ਼ੁਰੂਆਤ ਕੀਤੀ ਗਈ ।ਇਸ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਅਤੇ ਐਸ.ਐਸ.ਪੀ ਗੁਰਮੀਤ ਸਿੰਘ ਨੇ ਸਾਂਝੇ ਤੌਰ ਤੇ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਨਸ਼ੇ ਦੀ ਬਿਮਾਰੀ ਤੋਂ ਪੀੜਤਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਇਲਾਜ ਲਈ ਪ੍ਰੇਰਿਤ ਕਰਨਾ ਏ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿਚ ਲਿਆਉਣਾ ਏ । ਉਨ੍ਹਾਂ ਨੇ ਕਿਹਾ ਕਿ ਪੁਲਿਸ ਵਿਭਾਗ ਵੱਲੋਂ ਨਸ਼ਿਆਂ ਦੀ ਸਪਲਾਈ ਲੜੀ ਤੋੜੀ ਜਾ ਰਹੀ ਏ ।

---------------------------------------------------------------------------

- ਭਾਰਤ ਨੇ ਪੱਛਮੀ ਏਸ਼ੀਆ ਵਿੱਚ ਟਕਰਾਅ ਵਧਣ ਮਗਰੋਂ, ਈਰਾਨ

ਤੋਂ ਆਪਣੇ ਨਾਗਰਿਕਾਂ ਨੂੰ ਕੱਢਣ ਦੀਆਂ ਕੋਸ਼ਿਸ਼ਾਂ ਤੇਜ਼ ਕੀਤੀਆਂ- 350 ਤੋਂ ਵੱਧ ਭਾਰਤੀਆਂ ਨੇ ਘਰ ਵਾਪਸ ਆਉਣ ਦੀ ਕੀਤੀ ਅਪੀਲ - 110 ਨੂੰ ਫਿਲਹਾਲ ਵਾਪਿਸ ਲਿਆਂਦਾ ਜਾ ਚੁਕਿਆ ਏ ।

- ਭਾਰਤ ਅਤੇ ਕਰੋਸ਼ੀਆ ਦਰਮਿਆਨ ਭਾਰਤ-ਯੂਰੀਪੀਅਨ ਸੰਘ ਮੁਕਤ ਵਪਾਰ ਸਮਝੌਤੇ ਸਮੇਤ ਵਿਆਪਕ ਗੱਲਬਾਤ ਹੋਈ ।
- ਲੁਧਿਆਣਾ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਲਈ, ਵੋਟਾਂ ਪਾਉਣ ਦਾ ਕੰਮ ਅਮਨ-ਅਮਾਨ ਨਾਲ ਮੁਕੰਮਲ - ਸ਼ਾਮ 5 ਵਜੇ ਤੱਕ 49.07 ਫੀਸਦੀ ਵੋਟਿੰਗ ਦਰਜ ਕੀਤੀ ਗਈ ।
- ਸੀ.ਐਮ.ਦੀ ਯੋਗਸ਼ਾਲਾ’ ਤਹਿਤ ਜਲੰਧਰ ਵਿਚ ਸੂਬਾ ਪੱਧਰੀ ‘ਪੰਜਾਬ ਯੋਗ ਸਮਾਗਮ-2025’ ਦਾ ਆਯੋਜਨ -21 ਹਜ਼ਾਰ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੇ ਨਵਾਂ ਰਿਕਾਰਡ ਕਾਇਮ ਕੀਤਾ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !